


ਅਜੀਤ ਬਠਿੰਡਾ
ਫਿਰੋਜ਼ਪੁਰ ਅਜੀਤ
ਸੋਮਵਾਰ, 20 ਅਕਤੂਬਰ 2025





## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **20 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 **ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਜਗਤਾਰ ਸਿੰਘ ਖ਼** ਤੇ **21 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

**ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ** ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।



ਜੱਟ ਸਿੱਖ ਸੰਮੇਲਨ ਦੌਰਾਨ ਸੰਬੋਧਨ ਕਰਦੇ ਹੋਏ ਬੁਲਾਰੇ ਅਤੇ ਹਾਜ਼ਰ ਇਕੱਠ। ਤਸਵੀਰਾਂ-ਹਰਚਰਨ ਸਿੰਘ ਸੰਧੂ

# ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਵਲੋਂ ਆਪਣੇ ਹੱਕਾਂ ਲਈ ਵਿਸ਼ਾਲ ਸੰਮੇਲਨ

## ਵੱਖ-ਵੱਖ ਬੁਲਾਰਿਆਂ ਨੇ ਇੱਕਜੁੱਟ ਹੋਣ ਦੀ ਉਠਾਈ ਆਵਾਜ਼

ਗੁਰੂਹਰਸਹਾਏ, 19 ਅਕਤੂਬਰ (ਹਰਚਰਨ ਸਿੰਘ ਸੰਧੂ)- ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਵਲੋਂ ਗੁਰਦੁਆਰਾ ਸ੍ਰੀ ਪ੍ਰਗਟ ਸਾਹਿਬ ਦੀਵਾਨ ਹਾਲ ਵਿਖੇ ਇਕ ਵੱਡਾ ਅੰਤਰਰਾਸ਼ਟਰੀ ਜੱਟ ਸੰਮੇਲਨ ਕੀਤਾ ਗਿਆ ਜਿਸ ਵਿਚ ਸੈਂਕੜਿਆਂ ਦੀ ਗਿਣਤੀ ਦੇ ਵਿਚ ਜੱਟ ਸਿੱਖ ਭਾਈਚਾਰੇ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਇਸ ਵਿਚ ਵੱਖ-ਵੱਖ ਪਾਰਟੀਆਂ ਦੇ ਲੀਡਰ ਕਿਸਾਨ ਯੂਨੀਅਨ ਦੇ ਆਗੂ ਸਮਾਜ ਸੇਵੀ ਧਾਰਮਿਕ ਆਗੂ ਅਤੇ ਹੋਰ ਵੀ ਬਹੁਤ ਸਾਰੇ ਜੱਟ ਭਾਈਚਾਰੇ ਤੋਂ ਲੋਕ ਸ਼ਾਮਿਲ ਹੋਏ। ਪਿੰਡਾਂ ਦੇ ਸਰਪੰਚ, ਪੰਚ, ਚੇਅਰਮੈਨ, ਨੰਬਰਦਾਰ ਵੱਡੀ ਗਿਣਤੀ ਵਿਚ ਇਸ ਜੱਟ ਸੰਮੇਲਨ ਵਿਚ ਸ਼ਾਮਿਲ ਹੋਏ ਤੇ ਉਹਨਾਂ ਨੇ ਆਪੋ ਆਪਣੇ ਵਿਚਾਰ ਰੱਖੇ। ਇਸ ਦੌਰਾਨ ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਦੇ ਆਗੂਆਂ ਵਲੋਂ ਮਤੇ ਪਾਸ ਕੀਤੇ ਗਏ ਕਿ ਬੇਜ਼ਮੀਨੇ ਜੱਟਾਂ ਨੂੰ ਐੱਸ.ਸੀ./ਐੱਸ.ਟੀ. ਦੇ ਬਰਾਬਰ ਦੀਆਂ ਸਹੂਲਤਾਂ ਦਿੱਤੀਆਂ ਜਾਣ। ਇਕਨਾਮਿਕ ਵੀਕਰ ਸੈਕਸ਼ਨ ਹੋਰ ਮਜ਼ਬੂਤ ਕਰਕੇ ਉਹ ਦੇ ਵਿਚ ਕਮਜ਼ੋਰ ਵਰਗ ਦੇ ਜੱਟ ਭਰਾਵਾਂ ਨੂੰ ਸ਼ਾਮਿਲ ਕੀਤਾ ਜਾਵੇ। ਬੇਜ਼ਮੀਨੇ ਜੱਟਾਂ ਨੂੰ ਬਾਰਡਰ 'ਤੇ ਪਈ ਸਰਕਾਰੀ ਜ਼ਮੀਨ ਵਿਚੋਂ ਪੰਜ-ਪੰਜ ਕਿੱਲੇ ਜ਼ਮੀਨ ਅਲਾਟ ਕੀਤੀ ਜਾਵੇ, 1 ਤੋਂ ਲੈ ਕੇ 7 ਏਕੜ ਦੇ ਜ਼ਿਮੀਂਦਾਰ ਭਰਾਵਾਂ ਦੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਵਜ਼ੀਫ਼ਾ ਫ਼ੀਸ ਮੁਆਫ਼, ਵਰਦੀਆਂ ਤੇ ਬੂਟਾਂ ਦੀ ਸਹੂਲਤ ਦਿੱਤੀ ਜਾਵੇ। ਪੰਜਾਬ ਦੀਆਂ ਜੱਟ ਭਰਾਵਾਂ ਦੀਆਂ ਧੀਆਂ ਭੈਣਾਂ ਵਾਸਤੇ ਸਰਕਾਰੀ ਕਾਲਜਾਂ ਵਿਚ ਮੁਫ਼ਤ ਐਜੂਕੇਸ਼ਨ ਤੇ ਸਕਿਲ ਕੋਰਸ ਫ਼੍ਰੀ ਕੀਤੇ ਜਾਣ ਨਾਲ ਹੀ ਬਾਰਡਰ ਪੱਟੀ ਦੇ ਰਹਿਣ ਵਾਲੇ ਛੋਟੇ ਦੇ ਦਰਮਿਆਨੇ ਜੱਟ ਭਰਾਵਾਂ ਨੂੰ ਫ਼ੌਜ ਤੇ ਪੁਲਿਸ ਵਿਚ ਸਪੈਸ਼ਲ ਕੋਟਾ ਦਿੱਤਾ ਜਾਵੇ। ਜੱਟ ਭਾਈਚਾਰੇ ਨੂੰ ਦੂਜੀਆਂ ਸ਼੍ਰੇਣੀਆਂ ਵਾਂਗ ਚੰਡੀਗੜ੍ਹ, ਦਿੱਲੀ ਤੇ ਪੰਜਾਬ ਵਿਚ ਜੱਟ ਸਿੱਖ ਕਮਿਸ਼ਨ ਕਾਇਮ ਕਰਨ ਦੀ ਮੰਗ ਕੀਤੀ ਗਈ। ਤੇ ਨਾਲ ਹੀ ਚੰਡੀਗੜ੍ਹ ਵਿੱਚ ਜੱਟ ਭਵਨ ਬਣਾਉਣ ਦੀ ਮੰਗ ਕੀਤੀ ਗਈ। ਇਸ ਸਮੇਂ ਹਰਜਿੰਦਰ ਸਿੰਘ ਘਾਂਗਾ ਪਲੈਨਿੰਗ ਬੋਰਡ ਜ਼ਿਲ੍ਹਾ ਫਿਰੋਜ਼ਪੁਰ, ਬੀਬੀ ਭੁਪਿੰਦਰ ਕੌਰ ਸੰਧੂ ਮੈਂਬਰ ਵੂਮੈਨ ਕਮਿਸ਼ਨ ਪੰਜਾਬ ਸਰਕਾਰ ਤੋਂ ਇਲਾਵਾ ਦਵਿੰਦਰ ਸਿੰਘ ਬੱਬਲ ਸਾਬਕਾ ਚੇਅਰਮੈਨ, ਚਮਕੌਰ ਸਿੰਘ ਟਿੱਬੀ, ਅਸੀਸਪ੍ਰੀਤ ਸਿੰਘ ਸਾਈਆਂ ਵਾਲਾ, ਬਾਬਾ ਸਤਨਾਮ ਸਿੰਘ ਖਡੂਰ ਸਾਹਿਬ ਵਾਲੇ, ਜਸਬੀਰ ਸਿੰਘ ਸੰਧੂ, ਮਨਪ੍ਰੀਤ ਸਿੰਘ ਸੰਧੂ ਭਾਰਤੀ ਕਿਸਾਨ ਯੂਨੀਅਨ ਕਾਦੀਆਂ, ਕਮਲ ਸੰਧੂ ਭਾਊ ਫ਼ਾਜ਼ਿਲਕਾ, ਦਵਿੰਦਰ ਸਿੰਘ ਜੰਗ, ਸਵਰਨ ਸਿੰਘ ਸੰਧੂ, ਸਤਵੰਤ ਸਿੰਘ ਸੰਧੂ, ਹਰਜਿੰਦਰ ਸਿੰਘ ਸਿੱਧੂ, ਰਿਟਾਇਰਡ ਮੈਨੇਜਰ ਚਹਿਣਾ ਸੰਧੂ ਘਾਂਗਾ, ਰਾਣਾ ਗਿੱਲ ਗੱਟੀ ਅਜਾਇਬ ਸਿੰਘ, ਰਵਿੰਦਰ ਸਿੰਘ ਸਿੱਧੂ, ਰਣਜੋਤ ਸਿੰਘ ਮੋਕਲ, ਜਗਜੀਤ ਸਿੰਘ ਟਿੱਬੀ, ਸੁਖਵਿੰਦਰ ਸਿੰਘ ਭੱਪਾ ਸਰਪੰਚ, ਧਰਮ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਮਾਨ, ਗੁਰਪ੍ਰੀਤ ਸਿੰਘ ਗੋਰਾ ਆਦਿ ਸ਼ਾਮਲ ਹੋਏ। ਸਟੇਜ ਦੀ ਸੇਵਾ ਸਾਰਜ ਸਿੰਘ ਸੰਧੂ ਸਰਪੰਚ ਝੋਕ ਟਹਿਲ ਸਿੰਘ ਨੇ ਨਿਭਾਈ। ਇਸ ਮੌਕੇ ਬੋਲਦਿਆਂ ਸਿਮਰਜੀਤ ਸਿੰਘ ਸੰਧੂ ਨੇ ਦੱਸਿਆ ਕਿ ਜੱਟ ਭਾਈਚਾਰੇ ਨੂੰ ਆਉਣ ਵਾਲੀਆਂ ਮੁਸ਼ਕਲਾਂ ਦੇ ਸੰਬੰਧ ਵਿਚ ਜਥੇਬੰਦੀ ਦਾ ਗਠਨ ਕੀਤਾ ਗਿਆ ਹੈ। ਖ਼ਾਸ ਕਰਕੇ ਐਸ.ਸੀ./ਐਸ.ਟੀ. ਕਾਨੂੰਨ ਨੂੰ ਹਥਿਆਰ ਬਣਾ ਕੇ ਜੱਟ ਭਾਈਚਾਰੇ ਖ਼ਿਲਾਫ਼ ਕਰਾਏ ਜਾਣ ਵਾਲੇ ਝੂਠੇ ਪਰਚਿਆਂ ਦੇ ਖ਼ਿਲਾਫ਼ ਵੀ ਆਉਣ ਵਾਲੇ ਦਿਨਾਂ 'ਚ ਵੱਡੀ ਮੁਹਿੰਮ ਵਿੱਢੀ ਜਾਵੇਗੀ। ਇਸ ਮੌਕੇ ਪੰਜਾਬ ਸਰਕਾਰ ਤੋਂ ਜੱਟ ਕਮਿਸ਼ਨ ਦੀ ਮੰਗ ਵੀ ਕੀਤੀ ਗਈ। ਇਸ ਮੌਕੇ ਪੰਜਾਬੀ ਫ਼ਿਲਮ ਐਕਟਰ ਹੌਬੀ ਧਾਲੀਵਾਲ ਵੱਲੋਂ ਵੀ ਟੈਲੀਫ਼ੋਨ 'ਤੇ ਆਪਣੀ ਸਪੀਚ ਰਾਹੀਂ ਜੱਟ ਭਾਈਚਾਰੇ ਨੂੰ ਇਕੱਠੇ ਰਹਿਣ ਤੇ ਹਰ ਤਰ੍ਹਾਂ ਦੀ ਸਪੋਰਟ ਦੇਣ ਦੀ ਗੱਲ ਆਖੀ ਗਈ।

# ਦੁਕਾਨ 'ਚ ਦਾਖਲ ਹੋ ਕੇ ਗਾਲ੍ਹਾਂ ਕੱਢਣ ਵਾਲਿਆਂ ਵਿਰੁੱਧ ਕਾਰਵਾਈ ਦੀ ਮੰਗ

ਜ਼ੀਰਾ, 19 ਅਕਤੂਬਰ (ਰਜਨੀਸ਼ ਕਥੂਰੀਆ)- ਸਥਾਨਕ ਸ਼ਹਿਰ ਦੇ ਇੱਕ ਹਲਵਾਈ ਨੇ ਐੱਸ.ਐੱਸ.ਪੀ. ਫਿਰੋਜ਼ਪੁਰ ਨੂੰ ਭੇਜੀ ਇਕ ਲਿਖਤੀ ਸ਼ਿਕਾਇਤ 'ਚ ਸ਼ਰਾਬੀ ਹਾਲਤ 'ਚ ਤਿੰਨ ਨੌਜਵਾਨਾਂ ਵਲੋਂ ਆਪਣੀ ਦੁਕਾਨ ਵਿਚ ਦਾਖਲ ਹੋ ਕੇ ਗਾਲ੍ਹੀ ਗਲੋਚ ਕਰਨ ਅਤੇ ਭੱਦੀ ਸ਼ਬਦਾਵਲੀ ਵਰਤਣ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਰਾਜੀਵ ਕੁਮਾਰ ਜੈਨ ਪੁੱਤਰ ਪਦਮ ਕੁਮਾਰ ਜੈਨ ਵਾਸੀ ਸਮਾਧੀ ਰੋਡ ਮੇਨ ਬਾਜ਼ਾਰ ਜ਼ੀਰਾ ਨੇ ਐੱਸ.ਐੱਸ.ਪੀ. ਫਿਰੋਜ਼ਪੁਰ ਨੂੰ ਭੇਜੀ ਇਕ ਲਿਖਤੀ ਸ਼ਿਕਾਇਤ 'ਚ ਦੱਸਿਆ ਹੈ ਕਿ ਦੀਵਾਲੀ ਦਾ ਸੀਜ਼ਨ ਹੋਣ ਕਾਰਨ ਮੈਂ ਬੀਤੇ ਦਿਨੀਂ ਰਾਤ ਕਰੀਬ 11 ਵਜੇ ਆਪਣੀ ਦੁਕਾਨ ਦਾ ਦਰਵਾਜ਼ਾ ਢੋਹ ਕੇ ਮਠਿਆਈ ਦਾ ਕੰਮ ਕਰ ਰਿਹਾ ਸੀ ਤਾਂ ਤਿੰਨ ਲੜਕੇ ਮੇਰੀ ਦੁਕਾਨ ਦਾ ਦਰਵਾਜ਼ਾ ਖੋਲ੍ਹ ਕੇ ਜਬਰੀ ਦੁਕਾਨ 'ਚ ਦਾਖਲ ਹੋ ਗਏ ਤੇ ਮਠਿਆਈ ਖ਼ਰੀਦਣ ਦੇ ਨਾਮ 'ਤੇ ਗਾਲ੍ਹੀ ਗਲੋਚ ਕਰਨ ਲੱਗ ਪਏ। ਉਸ ਨੇ ਦੋਸ਼ ਲਗਾਇਆ ਕਿ ਇਨ੍ਹਾਂ ਲੜਕਿਆਂ ਨੇ ਸਾਡੇ ਧਰਮ ਬਾਰੇ ਜਾਤੀ ਸੂਚਕ ਗਾਲ੍ਹੀ ਗਲੋਚ ਕਰਦਿਆਂ ਸਾਡੀ ਦੁਕਾਨ ਦੇ ਦਰਵਾਜ਼ਿਆਂ ਦੀ ਤੋੜ-ਭੰਨ ਕਰਨ ਲੱਗੇ ਤੇ ਧਮਕੀਆਂ ਦੇਣ ਲੱਗੇ। ਰਾਜੀਵ ਜੈਨ ਨੇ ਦੋਸ਼ ਲਗਾਇਆ ਕਿ ਮੇਰੇ ਮੁਲਾਜ਼ਮਾਂ ਵਲੋਂ ਰੋਕਣ 'ਤੇ ਇਹਨਾਂ ਨੇ ਉਹਨਾਂ ਨਾਲ ਵੀ ਗਾਲ੍ਹੀ ਗਲੋਚ ਕੀਤਾ। ਉਸ ਨੇ ਦੱਸਿਆ ਕਿ ਇਸ ਸਬੰਧ ਵਿਚ ਜਦੋਂ ਮੈਂ ਇਨਸਾਫ਼ ਲੈਣ ਲਈ ਲਿਖਤੀ ਦਰਖਾਸਤ ਦੇਣ ਵਾਸਤੇ ਥਾਣਾ ਸਿਟੀ ਜ਼ੀਰਾ ਦੇ ਐੱਸ.ਐੱਚ.ਓ. ਕੋਲ ਗਿਆ ਤਾਂ ਉਸ ਨੇ ਗੰਭੀਰ ਮਸਲਾ ਹੋਣ ਦੇ ਬਾਵਜੂਦ ਦਰਖਾਸਤ ਲੈਣ ਤੋਂ ਇਨਕਾਰ ਕਰ ਦਿੱਤਾ। ਇਸ ਸੰਬੰਧੀ ਜਦੋਂ ਥਾਣਾ ਸਿਟੀ ਜ਼ੀਰਾ ਦੇ ਐੱਸ.ਐੱਚ.ਓ. ਨਾਲ ਫੋਨ 'ਤੇ ਸੰਪਰਕ ਕੀਤਾ ਤਾਂ ਉਸ ਨੇ ਦੱਸਿਆ ਕਿ ਮੈਂ ਦੋਸ਼ੀ ਲੜਕਿਆਂ ਕੋਲੋਂ ਮੁਆਫ਼ੀ ਮੰਗਵਾ ਦਿੱਤੀ ਹੈ। ਰਾਜੀਵ ਕੁਮਾਰ ਜੈਨ ਨੇ ਐੱਸ.ਐੱਸ.ਪੀ. ਫਿਰੋਜ਼ਪੁਰ ਪਾਸੋਂ ਉਕਤ ਦੋਸ਼ੀਆਂ ਦੇ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕਰਦਿਆਂ ਇਨਸਾਫ਼ ਦੀ ਮੰਗ ਕੀਤੀ ਹੈ।



ਐੱਸ.ਐੱਸ.ਪੀ. ਫਿਰੋਜ਼ਪੁਰ ਨੂੰ ਭੇਜੀ ਹੋਈ ਲਿਖਤੀ ਸ਼ਿਕਾਇਤ ਵਿਖਾਉਂਦੇ ਹੋਏ ਰਾਜੀਵ ਕੁਮਾਰ ਜੈਨ। ਅਜੀਤ ਤਸਵੀਰ



ਮਾਤਾ ਸਾਹਿਬ ਕੌਰ ਸਕੂਲ ਵਿਖੇ ਦੀਵਾਲੀ ਦੇ ਤਿਉਹਾਰ ਮੌਕੇ ਕਰਵਾਏ ਗਏ ਸਮਾਗਮ ਵਿਚ ਮੌਜੂਦ ਵਿਦਿਆਰਥੀ ਤੇ ਸਟਾਫ਼। ਤਸਵੀਰ- ਕਪਿਲ ਕੰਧਾਰੀ

# ਮਾਤਾ ਸਾਹਿਬ ਕੌਰ ਸਕੂਲ ਵਿਖੇ ਮਨਾਈ ਗਰੀਨ ਦੀਵਾਲੀ

ਗੁਰੂਹਰਸਹਾਏ, 19 ਅਕਤੂਬਰ (ਕਪਿਲ ਕੰਧਾਰੀ)- ਸਥਾਨਕ ਸ਼ਹਿਰ ਦੇ ਮਾਤਾ ਸਾਹਿਬ ਕੌਰ ਸਕੂਲ ਵਿਖੇ ਪ੍ਰਿੰਸੀਪਲ ਡਾ. ਵੰਦਨਾ ਧਵਨ ਦੀ ਅਗਵਾਈ ਹੇਠ ਗਰੀਨ ਦੀਵਾਲੀ ਮਨਾਈ ਗਈ। ਸਕੂਲ ਦੀ ਪ੍ਰਿੰਸੀਪਲ ਡਾ. ਵੰਦਨਾ ਧਵਨ ਨੇ ਦੱਸਿਆ ਕਿ ਸਕੂਲ ਵਿਖੇ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਜਿੱਥੇ ਉਨ੍ਹਾਂ ਵਲੋਂ ਵਿਦਿਆਰਥੀਆ ਨੂੰ ਗਰੀਨ ਦੀਵਾਲੀ ਦਾ ਸੁਨੇਹਾ ਦਿੰਦਿਆਂ ਪਟਾਕਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅੱਜ ਵਿਦਿਆਰਥੀਆ ਵਲੋਂ ਦੀਵਾਲੀ ਦੇ ਸਮਾਗਮ ਦੀ ਸ਼ੁਰੂਆਤ ਸ਼ਬਦ ਕੀਰਤਨ ਨਾਲ ਕੀਤੀ ਗਈ, ਇਸ ਤੋਂ ਬਾਅਦ ਵੱਖ-ਵੱਖ ਜਮਾਤ ਦੇ ਬੱਚਿਆਂ ਨੇ ਕੁਇਜ਼ ਮੁਕਾਬਲੇ, ਦੀਵਾ ਸਜਾਵਟ ਮੁਕਾਬਲਾ, ਪੇਪਰ ਦੀਵਾ ਬਣਾਉਣ ਦਾ ਮੁਕਾਬਲਾ, ਲਾਲਟੈਨ ਪੇਪਰ ਹੈਕਿੰਗ ਮੁਕਾਬਲੇ ਕਰਵਾਏ। ਇਨ੍ਹਾਂ ਵਿਚ ਵਿਦਿਆਰਥੀਆਂ ਵਲੋਂ ਬੜੇ ਉਤਸ਼ਾਹ ਨਾਲ ਭਾਗ ਲਿਆ ਗਿਆ ਤੇ ਇਸ ਮੌਕੇ ਹਾਊਸ ਵਾਈਜ਼ ਰੰਗੋਲੀ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਸਕੂਲ ਪ੍ਰਿੰਸੀਪਲ ਵੰਦਨਾ ਧਵਨ, ਚੇਅਰਮੈਨ ਮਹੀਪਾਲ ਸਿੰਘ, ਮੈਨੇਜਰ ਹਰਬੀਰ ਸਿੰਘ ਕੋਆਰਡੀਨੇਟਰ ਅਭੈ ਬਜਾਜ, ਸੰਦੀਪ, ਰਚਨਾ ਮੋਗਾ, ਸ਼ਿਵਾਲੀ ਐਕਟੀਵਿਟੀ ਇੰਚਾਰਜ, ਹਾਊਸ ਹੈੱਡਰ ਰਾਜਪਾਲ, ਗੁਰਪ੍ਰੀਤ, ਮਨਪ੍ਰੀਤ, ਸਿਮਰਨਜੀਤ ਨੇ ਸਾਰੇ ਹੀ ਵਿਦਿਆਰਥੀਆ ਨੂੰ ਦੀਵਾਲੀ ਦੇ ਤਿਉਹਾਰ ਦੀ ਵਧਾਈ ਦਿੱਤੀ।



ਦੀਵਾਲੀ ਨੂੰ ਲੈ ਕੇ ਬੂਟੇ ਵੰਡਦੇ ਹੋਏ ਤਰਕਸ਼ੀਲ ਸੁਸਾਇਟੀ ਦੇ ਆਗੂ। ਤਸਵੀਰ-ਹਰਚਰਨ ਸਿੰਘ ਸੰਧੂ

# ਗਰੀਨ ਦੀਵਾਲੀ ਮਨਾਉਣ ਲਈ ਤਰਕਸ਼ੀਲ ਸੁਸਾਇਟੀ ਨੇ ਵੰਡੇ ਬੂਟੇ

ਗੁਰੂਹਰਸਹਾਏ, 19 ਅਕਤੂਬਰ (ਹਰਚਰਨ ਸਿੰਘ ਸੰਧੂ)- ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਗੁਰੂਹਰਸਹਾਏ ਵਲੋਂ ਬੂਟੇ ਵੰਡ ਕੇ 'ਹਰੀ ਦੀਵਾਲੀ' ਮਨਾਉਣ ਦਾ ਹੋਕਾ ਦਿੱਤਾ ਗਿਆ ਜਿਸ ਨੂੰ ਲੋਕਾਂ ਨੇ ਬੂਟੇ ਪ੍ਰਾਪਤ ਕਰਕੇ ਭਰਵਾਂ ਹੁੰਗਾਰਾ ਦਿੱਤਾ। ਇਸ ਮੌਕੇ ਬੋਲਦਿਆਂ ਹੋਇਆਂ ਇਕਾਈ ਮੁਖੀ ਡਾ. ਅਵਤਾਰ ਦੀਪ ਨੇ ਦੱਸਿਆ ਕਿ ਹਰੀ ਦੀਵਾਲੀ ਮਨਾਉਣਾ ਅੱਜ ਸਮੇਂ ਦੀ ਵੱਡੀ ਤੇ ਜ਼ਰੂਰੀ ਲੋੜ ਹੈ ਤਾਂ ਕਿ ਅਸੀਂ ਆਪਣੇ ਪਲੀਤ ਹੋ ਰਹੇ ਵਾਤਾਵਰਨ ਨੂੰ ਬਚਾ ਸਕੀਏ। ਇਸ ਲਈ ਸਾਨੂੰ ਪਟਾਕੇ ਨਹੀਂ ਚਲਾਉਣੇ ਚਾਹੀਦੇ ਸਗੋਂ ਵੱਧ ਤੋਂ ਵੱਧ ਪੁਸਤਕਾਂ ਪੜ੍ਹ ਕੇ ਦਿਮਾਗਾਂ ਨੂੰ ਰੌਸ਼ਨ ਕਰਨਾ ਚਾਹੀਦਾ ਹੈ। ਇਸ ਮੌਕੇ ਪੁਸਤਕ-ਪ੍ਰਦਰਸ਼ਨੀ ਲਗਾਈ ਗਈ ਅਤੇ ਹਰੀ ਦੀਵਾਲੀ ਦਾ ਹੋਕਾ ਦਿੰਦਾ ਹੋਇਆ ਇਕ ਹੱਥ-ਪਰਚਾ ਲੋਕਾਂ ਨੂੰ ਵੰਡਿਆ ਗਿਆ। ਜ਼ੋਨ ਪ੍ਰਧਾਨ ਪ੍ਰਵੀਨ ਜੰਡਵਾਲਾ ਨੇ ਕਿਹਾ ਕਿ 'ਹਰ ਮਨੁੱਖ ਲਾਵੇ ਇੱਕ ਰੁੱਖ' ਦੇ ਨਾਅਰੇ ਦੀ ਪੂਰਤੀ ਲਈ ਅਸੀਂ ਲੋਕਾਂ ਨੂੰ ਫਲਦਾਰ ਤੇ ਫੁੱਲਦਾਰ ਬੂਟੇ ਵੰਡੇ ਹਨ। ਇਸ ਸਮੇਂ ਮਾ. ਗੁਰਦੇਵ ਵਾਦੀਆਂ, ਮਾ. ਜਸਵਿੰਦਰ ਸਿੰਘ ਗੁਰੂਹਰਸਹਾਏ, ਮਾ. ਹਰਸਤਵਿੰਦਰ ਸਿੰਘ, ਕੁਲਦੀਪ ਸਿੰਘ ਸੈਦੇ ਕੇ, ਮਾ. ਇਕਬਾਲ ਲਖਮੀਰਪੁਰਾ ਆਦਿ ਹਾਜ਼ਰ ਸਨ।

# ਸੱਟਾਂ ਮਾਰਨ ਵਾਲੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ

ਫ਼ਾਜ਼ਿਲਕਾ, 19 ਅਕਤੂਬਰ (ਦਵਿੰਦਰ ਪਾਲ ਸਿੰਘ)-ਥਾਣਾ ਅਰਨੀਵਾਲਾ ਪੁਲਿਸ ਨੇ ਸੱਟਾਂ ਮਾਰਨ ਵਾਲੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਜਸਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਮਨਜੀਤ ਸਿੰਘ ਪੁੱਤਰ ਸੁਬੇਗ ਸਿੰਘ ਵਾਸੀ ਡੱਬਵਾਲੀ ਕਲਾਂ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਸ ਨੇ ਝੀਗਾ ਮੱਛੀ ਫਾਰਮ ਜੋ ਪਿੰਡ ਖੂਈ ਖੇੜੇ ਠੇਕੇ 'ਤੇ ਲਿਆ ਸੀ। ਜੋ ਮੱਛੀ ਫਾਰਮ ਤੋਂ ਗੇੜਾ ਮਾਰਨ ਤੋਂ ਬਾਅਦ ਆਪਣੇ ਘਰ ਵਾਪਸ ਆ ਰਿਹਾ ਸੀ। ਅੱਗੇ ਤੋਂ ਨਰਿੰਦਰਪਾਲ ਪੁੱਤਰ ਕ੍ਰਿਸ਼ਨ ਸਿੰਘ ਵਾਸੀ ਡੱਬਵਾਲੀ ਕਲਾ ਨੇ ਗੋਹੇ ਵਾਲੀ ਰੇਹੜੀ ਜੋ ਮੋਟਰਸਾਈਕਲ ਪਿੱਛੇ ਪਾਈ ਸੀ ਲਿਆ ਕੇ ਮਨਜੀਤ ਸਿੰਘ ਜੋ ਐਕਟਿਵਾ 'ਤੇ ਆ ਰਿਹਾ ਸੀ ਉਸ ਦੇ ਅੱਗੇ ਸੁੱਟ ਦਿੱਤੀ ਜਿਸ ਨਾਲ ਉਸ ਦੀ ਐਕਟਿਵਾ ਫਿਸਲ ਕੇ ਡਿਗ ਪਈ ਤੇ ਮਨਜੀਤ ਸਿੰਘ ਦੇ ਕਾਫ਼ੀ ਸੱਟਾਂ ਲੱਗੀਆਂ ਸਨ। ਪੁਲਿਸ ਨੇ ਨਰਿੰਦਰਪਾਲ ਪੁੱਤਰ ਹਰਕ੍ਰਿਸ਼ਨ ਲਾਲ ਵਾਸੀ ਡੱਬਵਾਲਾ ਕਲਾ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਸ਼ਾਪ ਨੰ: 72, ਸੁਭਾਸ਼ ਮਾਰਕੀਟ, ਮਾਲ ਰੋਡ, ਬਠਿੰਡਾ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: PUNPUN/2017/70557

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Shop No. 72, Subhash Market, Mall Road, Bathinda. RNI Regd. No:- PUNPUN/2017/70557